**ਡਾਇਰੈਕਟਰ ਜਨਰਲ ਸਕੂਲ ਸਿੱਖਿਆ ਅਤੇ ਸਟੇਟ ਪ੍ਰੋਜੈਕਟ ਡਾਇਰੈਕਟਰ,**
**ਸਰਵ ਸਿੱਖਿਆ ਅਭਿਆਨ ਅਥਾਰਟੀ, ਪੰਜਾਬ**
**ਵਿੱਦਿਆ ਭਵਨ, ਈ-ਬਲਾਕ, ਪੰਜਵੀਂ ਮੰਜਿਲ,**
**ਫੇਜ-8, ਅਜੀਤਗੜ੍ਹ (ਮੋਹਾਲੀ), ਪੰਜਾਬ**

---

ਸੇਵਾ ਵਿਖੇ,

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਪੰਜਾਬ
ਸਮੂਹ ਮਿਡਲ, ਹਾਈ, ਸੀਨੀਅਰ ਸੈਕੰਡਰੀ ਸਕੂਲ ਮੁਖੀ, ਪੰਜਾਬ (ਵੈਬਸਾਈਟ ਰਾਹੀਂ)

ਮੀਮੋ ਨੰ :- ਸਸਅ/2013/ਐਮ.ਆਈ.ਐਸ./ਈ-ਪੰਜਾਬਸਕੂਲ/੦੦੧੧੬੪
ਮਿਤੀ : ਚੰਡੀਗੜ੍ਹ ੨੪../01/2014

**ਵਿਸ਼ਾ : www.epunjabschool.gov.in ਉੱਤੇ ਦਰਜ ਜਾਣਕਾਰੀ ਨੂੰ ਅਪਡੇਟ ਕਰਨ ਸਬੰਧੀ।**

1) ਸਿੱਖਿਆ ਵਿਭਾਗ, ਪੰਜਾਬ ਵਲੋਂ ਬਣਾਏ ਵੈਬ ਪੋਰਟਲ www.epunjabschool.gov.in ਉੱਤੇ ਸਮੂਹ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਲੋਂ ਆਪਣੇ ਸਕੂਲ ਸਬੰਧੀ ਜਾਣਕਾਰੀ ਦਰਜ ਕੀਤੀ ਗਈ ਹੈ।

2) ਇਸ ਪੋਰਟਲ ਅਧੀਨ ਜਾਣਕਾਰੀ ਨੂੰ ਸਮੂਹ ਸਕੂਲ ਮੁਖੀਆਂ ਵਲੋਂ ਸਮੇਂ ਸਮੇਂ ਸਿਰ ਘੋਖਣਾ ਬਣਦਾ ਹੈ ਅਤੇ ਇਸ ਵਿਚ ਆਈਆਂ ਤਬਦੀਲੀਆਂ ਨੂੰ ਅਪਡੇਟ ਕਰਵਾਉਣਾ ਜਰੂਰੀ ਹੈ।

3) ਇਸ ਪੱਤਰ ਰਾਹੀਂ ਸਮੂਹ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲ ਮੁਖੀਆਂ ਨੂੰ ਲਿਖਿਆ ਜਾਂਦਾ ਹੈ ਕਿ ਉਹ ਆਪਣੇ ਸਕੂਲ ਸਬੰਧੀ ਹਰ ਜਾਣਕਾਰੀ ਜਿਵੇਂ ਕਿ ਵਿਦਿਅਰਥੀ, ਅਧਿਆਪਕ, ਬੁਨਿਆਦੀ ਢਾਂਚੇ ਆਦਿ ਨੂੰ ਇਸ ਸਾਲ ਹੋਈਆਂ ਤਬਦੀਲੀਆਂ ਅਨੁਸਾਰ ਅਪਡੇਟ ਕਰਵਾਉਣ।

4) ਜਿਲ੍ਹਾ ਐਮ.ਆਈ.ਐਸ. ਕੋਆਰਡੀਨੇਟਰ ਸਮੂਹ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਨੂੰ ਲੋੜ ਅਨੁਸਾਰ ਈ-ਪੰਜਾਬ ਪੋਰਟਲ ਸਬੰਧੀ ਤਕਨੀਕੀ ਸਹਾਇਤਾ ਦੇਣ ਅਤੇ ਨਾਲ ਹੀ ਇਸ ਪੋਰਟਲ ਤੋਂ ਰਿਪੋਰਟਾ ਤਿਆਰ ਕਰਕੇ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਦੇ ਨੋਟਿਸ ਬੋਰਡ ਉੱਤੇ ਭੇਜਣ ਤਾਂ ਜੋ ਉਹ ਵੀ ਇਨ੍ਹਾਂ ਰਿਪੋਰਟਾ ਨੂੰ ਦੇਣ ਸਕਣ ਅਤੇ ਪੋਰਟਲ ਵਿਚ ਦਰਜ ਗਲਤ ਜਾਣਕਾਰੀ ਸਬੰਧੀ ਸਕੂਲ ਮੁਖੀਆਂ ਨੂੰ ਹਦਾਇਤ ਕਰ ਸਕਣ।

5) ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਪੰਜਾਬ ਨੂੰ ਲਿਖਿਆ ਜਾਂਦਾ ਹੈ ਕਿ ਉਹ ਸਕੂਲਾਂ ਤੋਂ ਇਸ ਪੋਰਟਲ ਅਧੀਨ ਦਰਜ ਜਾਣਕਾਰੀ ਨੂੰ ਸਹੀ ਅਤੇ ਰਿਕਾਰਡ ਅਨੁਸਾਰ ਅਪਡੇਟ ਕਰਵਾਉਣ।

6) ਕਿਸੇ ਕਿਸਮ ਦੀ ਜਾਣਕਾਰੀ ਜਾਂ ਤਕਨੀਕੀ ਮੁਸ਼ਕਿਲ ਲਈ ਸਬੰਧਤ ਜਿਲ੍ਹੇ ਜਾਂ ਬਲਾਕ ਦੇ ਐਮ.ਆਈ.ਐਸ. ਕੁਆਰਡੀਨੇਟਰ ਨਾਲ ਗੱਲਬਾਤ ਕੀਤੀ ਜਾਵੇ। ਇਨ੍ਹਾਂ ਦੇ ਨੰਬਰ ਸਕੂਲ ਦੇ ਈ-ਪੰਜਾਬ ਪੋਰਟਲ ਉੱਤੇ ਦਰਜ ਹਨ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ**

**ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਜਾਣਕਾਰੀ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-**

1) **ਜਿਲ੍ਹਾ ਐਮ.ਆਈ.ਐਸ. ਕੁਆਰਡੀਨੇਟਰ, ਪੰਜਾਬ**
2) **ਜਿਲ੍ਹਾ ਆਈ.ਸੀ.ਟੀ. ਕੁਆਰਡੀਨੇਟਰ, ਪੰਜਾਬ**